# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10**

**ਮਿਤੀ : 26-09-2025**

ਭਾਰਤੀ ਹਵਾਈ ਫੌਜ ਨੇ ਦੇਸ਼ ਪ੍ਰਤੀ ਛੇ ਦਹਾਕੇ ਦੀ ਸੇਵਾ ਤੋਂ ਬਾਅਦ ਮਿਗ-21 ਜਹਾਜ਼ ਨੂੰ ਵਿਦਾਈ ਦਿਤੀ ਏ । ਚੰਡੀਗੜ੍ਹ ਵਿਖੇ ਰੱਖਿਆ ਮੰਤਰੀ ਰਾਜਨਾਥ ਸਿੰਘ ਤੇ ਸੀਨੀਅਰ ਅਧਿਕਾਰੀਆਂ ਦੀ ਮੌਜੂਦਗੀ ਵਿਚ ਇਸ ਜਹਾਜ਼ ਨੂੰ ਸੇਵਾਮੁਕਤ ਕਰ ਦਿੱਤਾ ਗਿਆ। ਏਅਰ ਚੀਫ਼ ਮਾਰਸ਼ਲ ਏਪੀ ਸਿੰਘ ਨੇ 'ਬਾਦਲ 3' ਨਾਮ ਨਾਲ ਸਕੁਐਡਰਨ ਦੀ ਆਖਰੀ ਉਡਾਣ ਭਰੀ। ਚੀਨ-ਭਾਰਤ ਯੁੱਧ ਤੋਂ ਬਾਅਦ 1963 ਵਿਚ ਭਾਰਤੀ ਹਵਾਈ ਫੌਜ ਵਿੱਚ ਸ਼ਾਮਲ ਕੀਤਾ ਗਿਆ ਮਿਗ 21 ਦੇਸ਼ ਦਾ ਪਹਿਲਾ ਸੁਪਰਸੋਨਿਕ ਲੜਾਕੂ ਜਹਾਜ਼ ਸੀ । ਇਸ ਜਹਾਜ਼ ਨੇ 1965 ਤੇ 1971 ਦੀ ਭਾਰਤ-ਪਾਕਿ ਜੰਗ ਵਿਚ ਫੈਸਲਾਕੁੰਨ ਭੂਮਿਕਾ ਨਿਭਾਈ । ਇਸ ਜਹਾਜ਼ ਨੇ ਪਾਕਿਸਤਾਨੀ ਹਵਾਈ ਸੈਨਾ ਨੂੰ ਗੰਭੀਰ ਨੁਕਸਾਨ ਪਹੁੰਚਾਇਆ । ਇਸ ਮੌਕੇ ਸਮਾਗਮ ਨੂੰ ਸੰਬੋਧਨ ਕਰਦਿਆਂ ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਕਿਹਾ ਕਿ ...byte

---

ਪੰਜਾਬ ਵਿਧਾਨ ਸਭਾ ਦੇ ਵਿਸ਼ੇਸ਼ ਇਜਲਾਸ ਦੇ ਪਹਿਲੇ ਦਿਨ ਸੂਬੇ ਵਿਚ ਹਾਲ ਹੀ ਵਿਚ ਆਏ ਹੜ੍ਹਾਂ ਦੌਰਾਨ ਆਪਣੀ ਜਾਨ ਗਵਾਉਣ ਵਾਲੇ 59 ਨਾਗਰਿਕਾਂ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ । ਇਜਲਾਸ ਦੀ ਸ਼ੁਰੂਆਤ ਵਿਚ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਤੇ ਸਮੂਹ ਮੈਂਬਰਾਂ ਵਲੋਂ ਹੋਰ ਵਿਛੜੀਆਂ ਰੂਹਾਂ ਨੂੰ ਵੀ ਸ਼ਰਧਾਂਜਲੀ ਦਿੱਤੀ ਗਈ, ਜਿੰਨਾ ਵਿਚ ਪੰਜਾਬ ਦੇ ਸਾਬਕਾ ਮੰਤਰੀ ਹਰਮੇਲ ਸਿੰਘ ਟੌਹੜਾ, ਸਾਬਕਾ ਵਿਧਾਇਕ ਰਘੁਬੀਰ ਸਿੰਘ, ਲੈਫਟੀਨੈਂਟ ਕਰਨਲ ਸ਼ਹੀਦ ਭਾਨੂੰ ਪ੍ਰਤਾਪ ਸਿੰਘ ਮਨਕੋਟੀਆ, ਏ.ਐਲ.ਡੀ. ਸ਼ਹੀਦ ਦਲਜੀਤ ਸਿੰਘ, ਲਾਸ ਨਾਇਕ ਸ਼ਹੀਦ ਰਿੰਕੂ ਸਿੰਘ ਤੇ ਸ਼ਹੀਦ ਪ੍ਰਿਤਪਾਲ ਸਿੰਘ, ਸਿਪਾਹੀ ਸ਼ਹੀਦ ਹਰਮਿੰਦਰ ਸਿੰਘ, ਅਦਾਕਾਰ ਤੇ ਕਾਮੇਡੀਅਨ ਜਸਵਿੰਦਰ ਸਿੰਘ ਭੱਲਾ  ਸੰਗੀਤਕਾਰ ਚਰਨਜੀਤ ਅਹੂਜਾ ਤੇ ਵਿਧਾਇਕ ਅਸ਼ਵਨੀ ਸ਼ਰਮਾ ਦੇ ਭਰਾ ਰਾਮ ਪ੍ਰਸ਼ਾਦ ਸ਼ਰਮਾ ਦੇ ਅਕਾਲ ਚਲਾਣੇ ਉੱਤੇ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ ।

-------------------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਸਾਬਕਾ ਪ੍ਰਧਾਨ ਮੰਤਰੀ ਡਾ. ਮਨਮੋਹਨ ਸਿੰਘ ਨੂੰ ਉਨ੍ਹਾਂ ਦੀ ਜੈਯੰਤੀ  'ਤੇ ਸ਼ਰਧਾਂਜਲੀ ਭੇਟ ਕੀਤੀ

। ਇਕ ਸੋਸ਼ਲ ਮੀਡੀਆ ਪੋਸਟ ਵਿਚ ਸ਼੍ਰੀ ਮੋਦੀ ਨੇ ਰਾਸ਼ਟਰ ਨਿਰਮਾਣ ਵਿਚ ਉਨ੍ਹਾਂ ਦੇ ਯੋਗਦਾਨ ਨੂੰ ਯਾਦ ਕੀਤਾ ।

---------------------------------------------------------------------------

ਪੰਜਾਬ ਸਰਕਾਰ ਨੇ ਨਵੀਆਂ ਸਹਿਕਾਰੀ ਸਭਾਵਾਂ, ਜਿਨਾਂ ਵਿਚ ਪੀ.ਏ.ਸੀ.ਐਸ., ਮਿਲਕ ਸੋਸਾਈਟੀਜ਼ ਤੇ ਲੇਬਰ ਸੁਸਾਇਟੀਆਂ ਸਾਮਲ ਨੇ , ਦੇ ਗਠਨ ਸਬੰਧੀ ਪੁਰਾਣੀਆਂ ਪਾਬੰਦੀਆਂ ਹਟਾ ਦਿੱਤੀਆਂ ਨੇ । ਇਸ ਬਾਰੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਵਿਚ ਸਹਿਕਾਰੀ ਖੇਤਰ ਦਾ ਵਿਸਥਾਰ, ਮਜਬੂਤੀ ਤੇ ਇਸ ਨੂੰ ਹੋਰ ਸਮਾਵੇਸੀ ਬਣਾਉਣਾ ਸਮੇਂ ਦੀ ਲੋੜ ਏ ਤਾਂ ਜੋ ਇਸ ਦਾ ਸਿੱਧਾ ਲਾਭ ਕਿਸਾਨਾਂ, ਮਜਦੂਰਾਂ ਤੇ ਪੇਂਡੂ ਭਾਈਚਾਰਿਆਂ ਨੂੰ ਮਿਲ ਸਕੇ । ਉਹਨਾਂ ਕਿਹਾ ਕਿ ਸੂਬਾ ਸਰਕਾਰ ਆਪਣੀ ਖੁਦ ਦੀ ਸਹਿਕਾਰੀ ਨੀਤੀ ਤਿਆਰ ਕਰ ਰਹੀ ਏ , ਜਿਸ ਦਾ ਉਦੇਸ਼ ਸਹਿਕਾਰੀ ਸਭਾਵਾਂ ਨਾਲ ਵਧੇਰੇ ਲੋਕਾਂ ਨੂੰ ਜੋੜਨਾ, ਭਾਗੀਦਾਰੀ ਦੇ ਮੌਕੇ ਵਧਾਉਣਾ ਤੇ ਨਿਰਪੱਖ ਮੁਕਾਬਲੇ ਨੂੰ ਯਕੀਨੀ ਬਣਾਉਣਾ ਏ ।

---------------------------------------------------------------------------

ਪੰਜਾਬ ਵਿਜੀਲੈਂਸ ਬਿਊਰੋ ਵਲੋਂ ਭ੍ਰਿਸਟਾਚਾਰ ਦੇ ਇਕ ਮਾਮਲੇ ਵਿਚ ਪੰਜਾਬ ਖੁਰਾਕ ਤੇ ਸਿਵਲ ਸਪਲਾਈ ਵਿਭਾਗ ਦੇ ਸਾਬਕਾ ਡਿਪਟੀ

ਡਾਇਰੈਕਟਰ ਰਾਕੇਸ ਕੁਮਾਰ ਸਿੰਗਲਾ ਤੇ ਉਸ ਦੇ ਪਰਿਵਾਰ ਦੀਆਂ 8 ਜਾਇਦਾਦਾਂ ਤੇ ਤਿੰਨ ਬੈਂਕ ਖਾਤੇ ਜਬਤ ਕੀਤੇ ਗਏ ਨੇ । ਬੁਲਾਰੇ ਨੇ ਦੱਸਿਆ ਕਿ ਇਹ ਕਾਰਵਾਈ ਸਿੰਗਲਾ ਵਲੋਂ ਆਪਣੇ ਕਾਰਜਕਾਲ ਦੌਰਾਨ ਆਮਦਨ ਤੋਂ ਵੱਧ ਜਾਇਦਾਦ ਇਕੱਠੀ ਕਰਨ ਸਬੰਧੀ ਦੋਸਾਂ ਦੀ ਵਿਆਪਕ ਜਾਂਚ ਦਾ ਹਿੱਸਾ ਏ । ਜਾਂਚ ਦੌਰਾਨ ਪਤਾ ਲੱਗਾ ਏ ਕਿ ਉਸ ਨੇ ਭ੍ਰਿਸਟਾਚਾਰ ਨਾਲ ਪ੍ਰਾਪਤ ਪੈਸੇ ਦੀ ਵਰਤੋਂ ਕਰਕੇ ਆਪਣੇ ਪਰਿਵਾਰਕ ਮੈਂਬਰਾਂ ਦੇ ਨਾਮ 'ਤੇ ਗੈਰ-ਕਾਨੂੰਨੀ ਢੰਗ ਨਾਲ ਜਾਇਦਾਦਾਂ ਖਰੀਦੀਆਂ। ਮੁਲਜ਼ਮ ਸਿੰਗਲਾ ਤੇ ਉਸ ਦੀ ਪਤਨੀ ਕਾਨੂੰਨ ਦੀ ਕਾਰਵਾਈ ਤੋਂ ਬਚ ਰਹੇ ਨੇ, ਜਿਸ ਕਾਰਨ ਅਦਾਲਤ ਨੇ ਉਨਾਂ ਨੂੰ ਭਗੌੜਾ ਅਪਰਾਧੀ ਐਲਾਨਿਆ ਏ । ਮਾਮਲੇ ਦੀ ਹੋਰ ਜਾਂਚ ਜਾਰੀ ਏ ।

----------------------------------------------------------------------------

ਭਾਰਤੀ ਹਵਾਈ ਫੌਜ ਤੇ ਭਾਰਤੀ ਤਕਨਾਲੋਜੀ ਸੰਸਥਾਨ (IIT), ਰੋਪੜ ਨੇ ਭਾਰਤ ਦੀ ਹਵਾਈ ਸ਼ਕਤੀ ਦੀਆਂ ਨਿਰੰਤਰਤਾ ਤੇ ਸੰਚਾਲਨ ਜ਼ਰੂਰਤਾਂ 'ਚ ਹਮਾਇਤ ਦੇ ਉਦੇਸ਼ ਨਾਲ ਸਹਿਯੋਗੀ ਵਿਕਾਸ ਪ੍ਰੋਜੈਕਟਾਂ ਲਈ ਇਕ ਸਹਿਮਤੀ ਪੱਤਰ 'ਤੇ ਦਸਤਖਤ ਕੀਤੇ ਨੇ। ਇਹ ਭਾਈਵਾਲੀ, ਆਤਮਨਿਰਭਰ ਭਾਰਤ ਦੇ ਦ੍ਰਿਸ਼ਟੀਕੋਣ ਮੁਤਾਬਿਕ ਭਾਰਤੀ ਹਵਾਈ ਫੌਜ ਦੇ ਸਵਦੇਸ਼ੀਕਰਨ ਯਤਨਾਂ ਨੂੰ ਤੇਜ਼ ਕਰਨ ਦੀ ਕੋਸ਼ਿਸ਼ ਵਜੋਂ

ਏ। ਇਸ ਸਹਿਮਤੀ ਪੱਤਰ ਤਹਿਤ, ਹਵਾਈ ਫੌਜ ਨੇ ਹਥਿਆਰ ਪ੍ਰਣਾਲੀਆਂ ਦੇ ਨਿਰਮਾਣ ਲਈ ਤਕਨਾਲੋਜੀ ਵਿਕਾਸ ਤੇ ਸਵਦੇਸ਼ੀ ਹੱਲਾਂ ਨਾਲ ਸਬੰਧਤ ਧਿਆਨ ਦਿੱਤੇ ਜਾਣ ਵਾਲੇ ਮੁਖ ਖੇਤਰਾਂ ਦੀ ਪਛਾਣ ਕੀਤੀ ਏ। IIT ਰੋਪੜ ਅਤਿ ਆਧੁਨਿਕ ਖੋਜ, ਸੰਭਾਵਨਾ ਅਧਿਐਨ ਅਤੇ ਤਕਨਾਲੋਜੀ ਦੇ ਵਿਕਾਸ ਦੀ ਹਮਾਇਤ ਪ੍ਰਾਪਤ, ਸਲਾਹਕਾਰ ਸਹਾਇਤਾ ਪ੍ਰਦਾਨ ਕਰੇਗਾ।

---------------------------------------------------------------------------

ਲੁਧਿਆਣਾ ਸਥਿਤ ਗੁਰੂ ਅੰਗਦ ਦੇਵ ਵੈਟਨਰੀ ਅਤੇ ਐਨੀਮਲ ਸਾਇੰਸਜ਼ ਯੂਨੀਵਰਸਿਟੀ, 26 ਅਤੇ 27 ਸਤੰਬਰ ਨੂੰ ਦੋ ਦਿਨਾ 'ਪਸ਼ੂ ਪਾਲਣ ਮੇਲਾ'ਕਰਵਾਏਗੀ। ਪਸਾਰ ਸਿੱਖਿਆ ਦੇ ਨਿਰਦੇਸ਼ਕ ਡਾ. ਰਵਿੰਦਰ ਸਿੰਘ ਗਰੇਵਾਲ, ਨੇ ਦੱਸਿਆ ਕਿ ਮੇਲੇ ਵਿਚ ਯੂਨੀਵਰਸਿਟੀ ਵੱਲੋਂ ਵੈਟਨਰੀ ਅਤੇ ਪਸ਼ੂ ਵਿਗਿਆਨ, ਡੇਅਰੀ, ਪੋਲਟਰੀ, ਮੱਛੀ ਪਾਲਣ ਸੰਬੰਧੀ ਤਕਨੀਕਾਂ ਦਾ ਪ੍ਰਦਰਸ਼ਨ ਹੋਵੇਗਾ ਅਤੇ ਕਿਸਾਨ-ਵਿਗਿਆਨੀ ਤਕਨੀਕੀ ਲੈਕਚਰਾਂ ਦੇ ਮੰਚ 'ਤੇ ਇਕੱਠੇ ਹੋਣਗੇ। ਸਵਾਲਾਂ ਜਵਾਬਾਂ ਦਾ ਸੈਸ਼ਨ ਵੀ ਆਯੋਜਿਤ ਕੀਤਾ ਜਾਵੇਗਾ। ਯੂਨੀਵਰਸਿਟੀ ਦੇ ਉਤਮ ਨਸਲ ਦੇ ਪਸ਼ੂ, ਮੱਝਾਂ, ਬੱਕਰੀਆਂ, ਮੱਛੀਆਂ ਅਤੇ ਮੁਰਗੀਆਂ ਦੀ ਪ੍ਰਦਰਸ਼ਨੀ ਲਗਾਈ ਜਾਵੇਗੀ। ਯੂਨੀਵਰਸਿਟੀ ਵੱਲੋਂ ਪ੍ਰਕਾਸ਼ਿਤ ਸੰਪੂਰਨ ਸਾਹਿਤ ਅਤੇ ਰਸਾਲਾ

‘ਵਿਗਿਆਨਕ ਪਸ਼ੂ ਪਾਲਣ’ਵੀ ਉਪਲਬਧ ਹੋਵੇਗਾ। ਕਈ ਕਿਤਾਬਚੇ ਅਤੇ ਹੋਰ ਪ੍ਰਕਾਸ਼ਨਾਵਾਂ ਲੋਕ ਅਰਪਣ ਕੀਤੀਆਂ ਜਾਣਗੀਆਂ।

---------------------------------------------------------------------------

ਪੰਜਾਬ ਅਤੇ ਕੇਰਲਾ ਸੂਬਿਆਂ ਨੇ ਪਸ਼ੂ ਪਾਲਣ ਦੇ ਖੇਤਰ ਵਿੱਚ ਇੱਕ-ਦੂਜੇ ਦੀਆਂ ਵਿਲੱਖਣ ਸਮਰੱਥਾਵਾਂ ਦਾ ਲਾਭ ਉਠਾ ਕੇ ਪਸ਼ੂਧਨ ਦੀ ਉਤਪਾਦਕਤਾ ਨੂੰ ਵਧਾਉਣ ਲਈ ਇੱਕ ਸਮਝੌਤਾ ਕੀਤਾ ਏ । ਇਸਦਾ ਉਦੇਸ਼ ਉਤਪਾਦਨ ਵਧਾਉਣ ਲਈ ਚੰਗੀ ਨਸਲ ਦੇ ਪਸ਼ੂ ਤਿਆਰ ਕਰਨ ਅਤੇ ਕਿਸਾਨਾਂ ਨੂੰ ਖੁਸ਼ਹਾਲ ਬਣਾਉਣਾ ਏ । ਇਸ ਰਣਨੀਤਕ ਸਹਿਯੋਗ ਵਿੱਚ ਉੱਚ-ਗੁਣਵੱਤਾ ਵਾਲੀ ਜੈਨੇਟਿਕ ਸਮੱਗਰੀ ਦਾ ਅਦਾਨ-ਪ੍ਰਦਾਨ ਕਰਨਾ ਸ਼ਾਮਲ ਏ , ਜਿਸ ਤਹਿਤ ਕੇਰਲਾ ਵੱਲੋਂ ਪੰਜਾਬ ਤੋਂ ਸਾਹੀਵਾਲ ਨਸਲ ਦੇ ਸਾਨ੍ਹ ਖਰੀਦੇ ਜਾਣਗੇ। ਇਸ ਦੇ ਬਦਲੇ ਵਿੱਚ ਪੰਜਾਬ ਵੱਲੋਂ ਕੇਰਲਾ ਤੋਂ ਹੋਲਸ-ਟਾਈਨ ਫ੍ਰਾਈ-ਜ਼ੀਅਨ ਅਤੇ ਮੁਰ੍ਹਾ ਨਸਲ ਦੇ ਸਾਨ੍ਹਾਂ ਦਾ ਸੀਮਨ ਪ੍ਰਾਪਤ ਕਰੇਗਾ। ਪੰਜਾਬ ਦੇ ਪਸ਼ੂ ਪਾਲਣ ਮੰਤਰੀ ਸ. ਗੁਰਮੀਤ ਸਿੰਘ ਖੁੱਡੀਆਂ ਅਤੇ ਕੇਰਲਾ ਦੇ ਪਸ਼ੂ ਪਾਲਣ ਅਤੇ ਡੇਅਰੀ ਵਿਕਾਸ ਮੰਤਰੀ ਸ੍ਰੀਮਤੀ ਜੇ. ਚਿੰਚੂ ਰਾਣੀ ਦਰਮਿਆਨ ਹੋਈ ਉੱਚ-ਪੱਧਰੀ ਮੀਟਿੰਗ ਦੌਰਾਨ ਇਹ ਫੈਸਲਾ ਲਿਆ ਗਿਆ ।